# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ:10-04-2024**

ਚੋਣ ਕਮਿਸ਼ਨ ਲੋਕ ਸਭਾ ਚੋਣਾਂ ਦੌਰਾਨ, ਦੇਸ਼ ਭਰ ਦੇ ਵੋਟਰਾਂ ਦੀ ਸਹੂਲਤ ਲਈ ਕਈ ਕਦਮ ਚੁੱਕ ਰਿਹਾ ਏ। ਕਮਿਸ਼ਨ ਨੇ ਵੋਟਰਾਂ ਲਈ ਚੀਜ਼ਾਂ ਨੂੰ ਆਸਾਨ ਬਣਾਉਣ ਦੇ ਮਕਸਦ ਨਾਲ, ਲੋਕ-ਪੱਖੀ ਤਕਨੀਕ ਅਪਣਾਈ ਏ । ਚੋਣ ਕਮਿਸ਼ਨ ਵਲੋਂ ਤਿਆਰ Know Your Candidate ਜਾਂ KYC ਨਾਂ ਦੀ ਇੱਕ ਐਪ ਵੀ ਇਸੇ ਲੋਕਪੱਖੀ ਤਕਨੀਕ ਦਾ ਇਕ ਹਿੱਸਾ ਏ।

**ਵੇਰਵੇ ਨਾਲ ਇਹ ਰਿਪੋਰਟ :** ***ਡਿਸਪੈਚ: ਲੋਕਤੰਤਰ ਦੀ ਯਾਤਰਾ ਸ਼ੁਰੂ ਕਰਨ ਤੋਂ ਪਹਿਲਾਂ ਉਮੀਦਵਾਰਾਂ ਨੂੰ ਸਮਝਣਾ ਆਪਣੇ ਕੋਲ ਨਕਸ਼ਾ ਰੱਖਣ ਦੇ ਬਰਾਬਰ ਏ । ਇਸ ਮਕਸਦ ਨਾਲ ਹੀ ਚੋਣ ਕਮਿਸ਼ਨ ਨੇ Know Your Candidate ਜਾਂ KYC ਨਾਂ ਦੀ ਇੱਕ ਐਪ ਤਿਆਰ***

ਕੀਤੀ ਏ। ਇਹ ਐਪ ਵੋਟਰਾਂ ਨੂੰ ਉਨਾਂ ਦੇ ਨੇਤਾਵਾਂ ਦੀ ਚੋਣ ਕਰਨ ਵਿੱਚ ਮਾਰਗਦਰਸ਼ਨ ਕਰਦੀ ਏ ਜਿਹੜੇ ਕਿ ਉਨਾਂ ਦੇ ਨਜ਼ਰੀਏ ਤੇ ਮੁੱਲਾਂ ਨੂੰ ਸਾਂਝਾ ਕਰਦੇ ਨੇ। ਇਸ ਤੋਂ ਇਲਾਵਾ ਇਹ ਐਪ ਉਮੀਦਵਾਰਾਂ ਨੂੰ ਜਵਾਬਦੇਹ ਬਣਾਉਣ ਲਈ ਵੋਟਰਾਂ ਨੂੰ ਤਾਕਤ ਵੀ ਪ੍ਰਦਾਨ ਕਰਦੀ ਏ । Know Your Candidate ਐਪ ਐਂਡਰਾਇਡ ਤੇ ਆਈਫੋਨ ਦੋਵਾਂ 'ਤੇ ਉਪਲਬਧ ਏ ਅਤੇ ਉਪਭੋਗਤਾ-ਅਨੁਕੂਲ ਏ । ਵੋਟਰਾਂ ਨੂੰ ਸਿਰਫ਼ ਚੋਣ ਦੀ ਕਿਸਮ ਅਤੇ ਖੇਤਰ ਦਾ ਨਾਮ ਚੁਣਨ ਦੀ ਜਰੂਰਤ ਏ । ਫਿਰ, ਉਪਭੋਗਤਾ ਉਮੀਦਵਾਰਾਂ ਦੀ ਸੂਚੀ ਦੇਖ ਸਕਦਾ ਏ ਜਾਂ ਕਿਸੇ ਖਾਸ ਦੀ ਖੋਜ ਕਰ ਸਕਦਾ ਏ। ਐਪ ਵਿਚ ਇਹ ਸਾਮ੍ਹਣੇ ਆ ਜਾਵੇਗਾ ਕਿ ਸੰਬੰਧਤ ਉਮੀਦਵਾਰ ਦੇ ਵਿਰੁੱਧ ਕੋਈ ਅਪਰਾਧਿਕ ਮਾਮਲਾ ਦਰਜ਼ ਏ ਜਾਂ ਨਹੀਂ ਅਤੇ ਮਾਮਲੇ ਬਾਰੇ ਵੇਰਵੇ ਤੇ ਉਨ੍ਹਾਂ ਦੀ ਸਥਿਤੀ ਸੰਬੰਧੀ ਜਾਣਕਾਰੀ ਵੀ ਮਿਲ ਜਾਵੇਗੀ। ਇਹ ਐਪ ਵੋਟਰਾਂ ਲਈ ਉਨਾਂ ਉਮੀਦਵਾਰਾਂ ਬਾਰੇ ਹੋਰ ਜਾਣਨ ਲਈ ਇੱਕ ਸਾਧਨ ਏ ਜਿਹੜੇ ਉਨਾਂ ਦੀ ਨੁਮਾਇੰਦਗੀ ਕਰਨਾ ਚਾਹੁੰਦੇ ਨੇ । ਯਕੀਨਨ Know Your Candidate ਐਪ ਵੋਟਰਾਂ ਨੂੰ ਉਮੀਦਵਾਰਾਂ ਸੰਬੰਧੀ ਮਹੱਤਵਪੂਰਨ

***ਜਾਣਕਾਰੀ ਉਪਲਬਧ ਕਰਵਾਉਣ ਵਿਚ ਬੇਹੱਦ ਮਦਦਗਾਰ ਏ। ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ***

-----------------------------------------------------

ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ, ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਆਪਣੇ ਵਾਅਦੇ ਪੂਰੇ ਕਰਨ ਵਿੱਚ ਨਾਕਾਮ ਰਹਿਣ ਅਤੇ ਵੱਡੇ ਮੁੱਦਿਆਂ 'ਤੇ ਲਾਪਰਵਾਹੀ ਵਰਤਣ ਲਈ ਆਲੋਚਨਾ ਕੀਤੀ ਏ । ਇਕ ਬਿਆਨ ਵਿਚ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਸੂਬੇ 'ਚੋਂ ਭ੍ਰਿਸ਼ਟਾਚਾਰ ਖ਼ਤਮ ਕਰਨ ਦਾ ਵਾਅਦਾ ਕਰਦਿਆਂ, ਭ੍ਰਿਸ਼ਟਾਚਾਰ ਵਿਰੁੱਧ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਅਪਨਾਉਣ ਦੀ ਗੱਲ ਆਖੀ ਸੀ ਅਤੇ ਹੁਣ ਸਰਕਾਰ ਨੂੰ ਸਪੱਸ਼ਟੀਕਰਨ ਦੇਣਾ ਚਾਹੀਦਾ ਏ, ਕਿ ਉਹ, ਪੰਜਾਬ ਵਿਚ ਭ੍ਰਿਸ਼ਟਾਚਾਰ ਖ਼ਤਮ ਕਰਨ ਵਿਚ ਨਾਕਾਮ ਕਿਉਂ ਰਹੀ ਏ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਖ਼ਾਤਮੇ ਲਈ ਆਮ ਆਦਮੀ ਪਾਰਟੀ ਦੇ ਵਾਅਦੇ ਤੇ ਵਚਨਬੱਧਤਾ ਖੋਖਲੀ ਸਾਬਿਤ ਹੋਈ ਏ। ਮੌਜੂਦਾ ਸਰਕਾਰ ਨੇ ਨਾ ਤਾਂ ਠੇਕੇ 'ਤੇ ਕੰਮ ਕਰਨ ਵਾਲੇ ਕਾਮਿਆਂ ਦੀਆਂ ਸੇਵਾਵਾਂ ਰੈਗੂਲਰ ਕੀਤੀਆਂ ਨੇ ਅਤੇ ਨਾ ਹੀ

ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਏ । ਉਨਾਂ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਸੂਬੇ ਦੀ ਆਰਥਿਕਤਾ ਵੀ ਸੁਚਾਰੂ ਨਹੀਂ ਬਣਾ ਸਕੀ ਅਤੇ ਪਿਛਲੇ ਦੋ ਸਾਲਾਂ ਦੌਰਾਨ, ਸੂਬੇ 'ਤੇ ਕਰਜ਼ੇ ਦਾ ਬੋਝ ਹੀ ਵਧਿਆ ਏ ।

---------------------------------------------------------

ਬਠਿੰਡਾ ਜ਼ਿਲੇ ਦੇ ਜ਼ਿਲ੍ਹਾ ਚੋਣ ਅਫ਼ਸਰ ਜਸਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਭਾਈ ਆਸਾ ਸਿੰਘ ਗਰਲਸ ਕਾਲਜ ਗੋਨਿਆਨਾ ਮੰਡੀ ਵਿਖੇ, ਵਿਧਾਨ ਸਭਾ ਹਲਕਾ ਭੁੱਚੋ ਦੇ RTA ਤੇ ARO ਪੂਨਮ ਸਿੰਘ ਦੀ ਅਗਵਾਈ ਵਿੱਚ, ਵੋਟਰ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ । ਪੂਨਮ ਸਿੰਘ ਨੇ ਕਾਲਜ ਦੇ ਵਿਦਿਆਰਥੀਆਂ ਨੂੰ ਆਪਣੀ ਵੋਟ ਦੇ ਅਧਿਕਾਰ ਦਾ ਸਹੀ ਇਸਤੇਮਾਲ ਕਰਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਵੋਟ ਬਣਾਉਣਾ ਅਤੇ ਵੋਟ ਪਾਉਣਾ ਇੱਕ ਸੰਵਿਧਾਨਿਕ ਅਧਿਕਾਰ ਏ । ਸਾਨੂੰ ਆਪਣੀ ਵੋਟ ਦੀ ਵਰਤੋਂ ਬਿਨ੍ਹਾਂ ਕਿਸੇ ਡਰ, ਭੈਅ ਅਤੇ ਲਾਲਚ ਤੋਂ ਕਰਨੀ ਚਾਹੀਦੀ ਏ । ਇਸ ਦੌਰਾਨ ਵਿਦਿਆਰਥਣਾਂ ਵੱਲੋਂ ਵੋਟਰਾਂ ਨੂੰ

ਜਾਗਰੂਕ ਕਰਨ ਲਈ ਹੱਥਾਂ ਵਿੱਚ ਤਖ਼ਤੀਆਂ ਫੜ ਕੇ ਵੋਟਰ ਜਾਗਰੂਕਤਾ ਰੈਲੀ ਵੀ ਕੱਢੀ ਗਈ।

---------------------------------------------------------

ਲੁਧਿਆਣਾ ਦੇ ਜ਼ਿਲ੍ਹਾ ਚੋਣ ਅਫ਼ਸਰ ਸਾਕਸ਼ੀ ਸਾਹਨੀ ਨੇ, ਲੋਕ ਸਭਾ ਚੋਣਾਂ-2024 ਲਈ ਆੜ੍ਹਤੀਆਂ ਅਤੇ ਕਿਸਾਨਾਂ ਨੂੰ ਮਜ਼ਦੂਰਾਂ ਅਤੇ ਪਿੰਡ ਵਾਸੀਆਂ ਵਿੱਚ, ਵੋਟਰ ਜਾਗਰੂਕਤਾ ਪੈਦਾ ਕਰਨ ਦੀ ਅਪੀਲ ਕੀਤੀ ਏ ਤਾਂ ਜੋ ਉਨ੍ਹਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਯਕੀਨੀ ਬਣਾਈ ਜਾ ਸਕੇ। ਖੰਨਾ ਵਿਖੇ ਏਸ਼ੀਆ ਦੀ ਸਭ ਤੋਂ ਵੱਡੀ ਅਨਾਜ ਮੰਡੀ ਦਾ ਦੌਰਾ ਕਰਨ ਮੌਕੇ ਉਨ੍ਹਾਂ ਇਹ ਗੱਲ ਕਹੀ। ਉਨਾਂ ਆੜ੍ਹਤੀਆਂ ਨੂੰ ਕਿਹਾ ਕਿ ਉਹ, ਮਜ਼ਦੂਰਾਂ ਤੇ ਕਿਸਾਨਾਂ ਨੂੰ ਉਤਸ਼ਾਹਿਤ ਕਰਨ, ਮੰਡੀਆਂ ਵਿੱਚ ਜਾ ਕੇ ਆਪਣੀ ਉਪਜ ਵੇਚਣ, ਜੇਕਰ ਯੋਗ ਵੋਟਰਾਂ ਦੀ ਹਾਲੇ ਵੀ ਵੋਟ ਨਹੀਂ ਬਣੀ ਤਾਂ ਆਪਣੇ ਆਪ ਨੂੰ ਵੋਟਰ ਵਜੋਂ ਰਜਿਸਟਰ ਕਰਵਾਉਣ ਅਤੇ ਆਪਣੇ 'ਵੋਟ ਦੇ ਅਧਿਕਾਰ' ਦੀ ਵਰਤੋਂ ਕਰਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਵਿੱਤੀ ਰਾਜਧਾਨੀ ਅਤੇ ਉਦਯੋਗਿਕ ਹੱਬ ਹੋਣ ਦੇ ਨਾਤੇ ਲੁਧਿਆਣਾ ਨੂੰ ਇਸ ਵਾਰ 70 ਫੀਸਦੀ ਪਾਰ ਦੇ ਟੀਚੇ ਨੂੰ ਹਾਸਲ ਕਰਨਾ ਚਾਹੀਦਾ ਏ।

---

ਹੁਸ਼ਿਆਰਪੁਰ ਦੇ ਜ਼ਿਲ੍ਹਾ ਚੌਣ ਅਫ਼ਸਰ ਕੋਮਲ ਮਿੱਤਲ ਨੇ ਕਿਹਾ ਏ, ਕਿ ਲੋਕ ਸਭਾ ਚੋਣਾਂ 2024 ਦੇ ਮੱਦੇਨਜ਼ਰ ਜ਼ਿਲ੍ਹੇ ਦੇ ਸਮੂਹ ਵਿਧਾਨ ਸਭਾ ਹਲਕਿਆਂ ਵਿੱਚ, ਲਗਾਤਾਰ ਸਵੀਪ ਗਤੀਵਿਧੀਆਂ ਤਹਿਤ ਵੋਟ ਸਬੰਧੀ ਜਾਗਰੂਕਤਾ ਫੈਲਾਈ ਜਾ ਰਹੀ ਏ। ਇਸ ਦਾ ਉਦੇਸ਼ 70 ਫੀਸਦੀ ਤੋਂ ਵੱਧ ਵੋਟਿੰਗ ਦੇ ਟੀਚੇ ਨੂੰ ਪ੍ਰਾਪਤ ਕਰਨਾ ਅਤੇ ਵੋਟ ਫੀਸਦੀ ਨੂੰ ਵਧਾਉਣਾ ਏ। ਉਹ ਕਲ ਐਸ.ਡੀ ਕਾਲਜ ਹੁਸ਼ਿਆਰਪੁਰ ਵਿਖੇ ਸਵੀਪ ਮੇਲੇ ਤਹਿਤ ਵੋਟਰ ਜਾਗਰੂਕਤਾ ਪ੍ਰੋਗਰਾਮ ਨੂੰ ਸੰਬੋਧਨ ਕਰ ਰਹੇ ਸਨ। ਸਹਾਇਕ ਰਿਟਰਨਿੰਗ ਅਫ਼ਸਰ ਪ੍ਰੀਤ ਇੰਦਰ ਸਿੰਘ ਬੈਂਸ ਤੇ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਪ੍ਰੀਤ ਕੋਹਲੀ ਵੀ ਇਸ ਮੌਕੇ ਮੌਜੂਦ ਰਹੇ। ਇਸ ਤੋਂ ਇਲਾਵਾ ਨੁੱਕੜ ਨਾਟਕ, ਗਿੱਧਾ, ਮਿਮਿਕਰੀ, ਡਾਂਸ ਅਤੇ ਗੀਤਾਂ ਸਮੇਤ ਸੱਭਿਆਚਾਰਕ ਗਤੀਵਿਧੀਆਂ ਰਾਹੀਂ ਸਭ ਨੂੰ ਵੋਟ ਪਾਉਣ ਬਾਰੇ ਜਾਗਰੂਕ ਕੀਤਾ ਗਿਆ।

---

ਬਰਨਾਲਾ ਦੇ ਜ਼ਿਲ੍ਹਾ ਚੋਣ ਅਫ਼ਸਰ ਪੂਨਮਦੀਪ ਕੌਰ ਦੀ ਅਗਵਾਈ

ਵਿੱਚ, ਜ਼ਿਲ੍ਹਾ ਸਵੀਪ ਟੀਮ ਜ਼ਿਲੇ ਦੇ ਮਿਡਲ ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਸਵੀਪ ਗਤੀਵਿਧੀਆਂ ਦਾ ਆਯੋਜਨ ਲਗਾਤਾਰ ਕਰ ਰਹੀ ਏ। ਇਸੇ ਲੜੀ ਵਿਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਮੀਦੀ ਵਿਖੇ ਚਾਰਟ ਤੇ ਲੇਖ ਮੁਕਾਬਲੇ ਕਰਵਾਏ ਗਏ ਅਤੇ ਇਨਾ ਵਿਚ ਮੋਹਰੀ ਰਹਿਣ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਦੇ ਹੱਥਾਂ ਵਿੱਚ ਗੁਬਾਰੇ ਫੜੇ ਹੋਏ ਸਨ, ਜਿੰਨਾ ਉੱਪਰ ਵੋਟਰ ਜਾਗਰੂਕਤਾ ਦੇ ਸਲੋਗਨ ਲਿਖੇ ਹੋਏ ਸਨ। ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਤੇ ਸਵੀਪ ਨੋਡਲ ਅਫ਼ਸਰ ਬਰਜਿੰਦਰ ਪਾਲ ਸਿੰਘ ਸਮੇਤ ਵੱਖ ਵੱਖ ਬੁਲਾਰਿਆਂ ਨੇ ਸਮੂਹ ਵੋਟਰਾਂ ਨੂੰ ਆਪਣੀ ਕੀਮਤੀ ਵੋਟ ਦਾ ਇਸਤਮਾਲ ਕਰਕੇ ਵੋਟ ਫੀਸਦ ਵਧਾਉਣ ਲਈ ਪ੍ਰੇਰਿਤ ਕੀਤਾ।